## ਦਫ਼ਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ: 1, ਭਵਨ ਤੇ ਮਾਰਗ ਸ਼ਾਖਾ, ਪਟਿਆਲਾ

ਈ-ਮੇਲ eepd1ptapwdpb@gmail.com Ph. No. 0175-2356435

ਵੱਲ

Principal,
Sri Aurobindo International School,
Near Bus Stand, Patiala.

ਮੀਮੋ ਨੰਬਰ...2621....

ਮਿਤੀ -...25-5-21

ਵਿਸ਼ਾ ਸਕੂਲ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ।

ਹਵਾਲਾ ਆਪ ਦੇ ਸਕੂਲ ਦਾ ਕੇਸ ਨੰ- ਨਿਲ ਮਿਤੀ- 12.04.2021

ਉਪਰੋਕਤ ਵਿਸ਼ੇ ਸਬੰਧੀ ਹਵਾਲੇ ਅਧੀਨ ਪੱਤਰ ਦੇ ਸਬੰਧ ਵਿੱਚ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰਬਰ 2, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਵੱਲੋ ਮੁਆਇਨਾ ਕੀਤਾ ਗਿਆ ਬਿਲਡਿੰਗ ਦੇਖਣ ਨੂੰ ਸੁਰਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਵਰਤਣਯੋਗ ਹੈ। ਇਸ ਲਈ ਆਪ ਨੂੰ ਇਹ ਸਕੂਲ ਸੇਫਟੀ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਮਿਤੀ 31.03.2026 ਤੱਕ ਵੈਲਿਡ ਰਹੇਗਾ।

ਸ਼ਰਤਾਂ-

1. ਇਸ ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 14.12.2021 ਤੱਕ ਵੈਲਿਡ ਹੈ, ਇਹ ਸਕੂਲ ਸੇਫਟੀ ਸਰਟੀਫਿਕੇਟ 31.03.2026 ਤੱਕ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਸਕੂਲ ਵੱਲੋਂ ਫਾਇਰ ਸਰਟੀਫਿਕੇਟ ਨਿਸ਼ਚਿਤ ਮਿਤੀ ਤੋਂ ਪਹਿਲਾਂ ਸਮੇਂ ਸਿਰ ਰਿਨੀਊ ਕਰਵਾਉਣਾ ਹੋਵੇਗਾ। ਜੇਕਰ ਫਾਇਰ ਸਰਟੀਫਿਕੇਟ ਰਿਨੀਊ ਨਹੀ ਕਰਵਾਇਆ ਜਾਂਦਾ ਤਾਂ ਸਕੂਲ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2. ਸਕੂਲ ਬਿਲਡਿੰਗ ਤੱਕ ਰਸਤਾ ਜੇਕਰ ਲਿਆ ਜਾਂਦਾ ਹੈ ਤਾਂ ਇਸ ਦੀ ਪ੍ਰੋਪਰ ਮੰਨਜੂਰੀ ਸਬੰਧਤ ਵਿਭਾਗ ਤੋ ਲੈਣੀ ਯਕੀਨੀ ਬਣਾਈ ਜਾਵੇ।
3. ਸੜਕ ਤੋ ਸਕੂਲ ਤੱਕ ਅਤੇ ਸੜਕ ਕਰੋਸਿੰਗ ਲਈ ਲੋੜੀਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਉਣੇ ਯਕੀਨੀ ਬਣਾਇਆ ਜਾਵੇ।
4. ਪਾਰਕਿੰਗ ਲਈ ਇੰਤਜਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀ ਆਉਣੀ ਚਾਹੀਦੀ।
5. ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋ ਜਾਰੀ ਸਕੂਲ ਬੱਸਾਂ ਵਿੱਚ ਸੁਰਖਿਆ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
6. ਇਹ ਸਰਟੀਫਿਕੇਟ ਜਾਰੀ ਹੋਣ ਤੋ ਬਾਅਦ ਜੇਕਰ ਬਿਲਡਿੰਗ ਵਿੱਚ ਕੋਈ ਵਾਧਾ ਕੀਤਾ ਜਾਂਦਾ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇ ਅਤੇ ਨਵੇਂ ਸਕੂਲ ਸੇਫਟੀ ਸਰਟੀਫਿਕੇਟ ਲਈ ਕੇਸ ਅਪਲਾਈ ਕੀਤਾ ਜਾਵੇ।
7. ਜੇਕਰ ਉਪਰੋਕਤ ਦਿੱਤੀਆਂ ਹਦਾਇਤਾਂ/ਕੰਡੀਸ਼ਨਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।

ਪਿੱਠ ਅੰਕਣ ਨੰਬਰ

ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰਬਰ 2, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਨੂੰ ਉਨਾਂ ਦੇ ਪੱਤਰ ਨੰ- 100 ਮਿਤੀ- 20.05.2021 ਦੇ ਹਵਾਲੇ ਵਿਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।